# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ, ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਲਈ, ਰਵਾਇਤੀ ਹੁਨਰ ਨੂੰ ਉਤਸ਼ਾਹਿਤ ਕਰਨ ਵਾਸਤੇ ਇੱਕ ਮਹੱਤਵਪੂਰਨ ਪਹਿਲ ਏ ।
- ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ, ਖੁਰਾਕ ਸੁਰੱਖਿਆ ਪ੍ਰਣਾਲੀਆਂ ਨੂੰ ਬਿਹਤਰ ਬਣਾਉਣ ਲਈ ਨਿਰੰਤਰ ਸਹਿਯੋਗ, ਨਵੀਨਤਾ ਅਤੇ ਵਚਨਬੱਧਤਾ ਦਾ ਸੱਦਾ ਦਿੱਤਾ ਏ ।
- ਫਰੀਦਕੋਟ ਵਿਖੇ ਮਹਾਨ ਸੂਫੀ ਸੰਤ ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ ਦੇ ਸਬੰਧ ਵਿੱਚ, ਵਿਰਾਸਤੀ ਕਾਫਲਾ ਕਿਲ੍ਹਾ ਮੁਬਾਰਕ ਤੋਂ ਸ਼ੁਰੂ ਹੋ ਕੇ, ਦਰਬਾਰ ਗੰਜ ਪੁਜਿਆ ।

- ਮੁਹਾਲੀ ਜ਼ਿਲਾ ਪ੍ਰਸ਼ਾਸ਼ਨ ਵਲੋਂ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ ਖੇਤੀਬਾੜੀ ਮਹਿਕਮੇ ਦੇ ਸਾਂਝੇ ਉਪਰਾਲੇ ਸਦਕਾ, ਪਰਾਲੀ ਨੂੰ ਅੱਗ ਨਾ ਲਾਉਣ ਵਾਲੇ 50 ਕਿਸਾਨਾਂ ਦਾ ਸਨਮਾਨ।

------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਾਰੀਗਰਾਂ ਨੂੰ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ ਦਾ ਲਾਭ ਉਠਾ ਕੇ ਉੱਦਮੀ ਅਤੇ ਕਾਰੋਬਾਰੀ ਬਣਨ ਦੀ ਅਪੀਲ ਕੀਤੀ ਏ।ਸ੍ਰੀ ਮੋਦੀ ਮਹਾਰਾਸ਼ਟਰ ਵਿਚ ਸਵਾਵਲੰਬੀ ਮੈਦਾਨ 'ਚ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ ਦੀ ਵਰ੍ਹੇਗੰਢ 'ਤੇ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਸ਼ਵਕਰਮਾ ਯੋਜਨਾ, ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਲਈ ਰਵਾਇਤੀ ਹੁਨਰ ਨੂੰ ਉਤਸ਼ਾਹਿਤ ਕਰਨ ਵਾਸਤੇ ਇੱਕ ਮਹੱਤਵਪੂਰਨ ਪਹਿਲ ਏ। ਇਸ ਯੋਜਨਾ ਦੇ ਫਾਇਦਿਆਂ ਦਾ ਜ਼ਿਕਰ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਰਵਾਇਤੀ ਕਾਰੋਬਾਰਾਂ ਦੇ ਉਤਪਾਦਨ ਨੂੰ ਵਧਾਉਣ ਲਈ ਲਾਭਪਾਤਰੀਆਂ ਨੂੰ ਆਧੁਨਿਕ ਉਪਕਰਨ ਮੁਹੱਈਆ ਕਰਵਾਏ ਗਏ ਨੇ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ 3 ਲੱਖ ਰੁਪਏ ਤੱਕ ਦਾ ਕਰਜ਼ਾ ਬਿਨਾਂ ਕਿਸੇ ਗਰੰਟੀ ਦੇ ਦਿੱਤਾ ਜਾਂਦਾ ਏ। BYTE:

---------------------------------------------------------------------

ਖੇਤਰੀ ਹੁਨਰ ਵਿਕਾਸ ਅਤੇ ਉੱਦਮਤਾ ਵਿਭਾਗ ਪੰਜਾਬ, ਐਨ.ਐਸ.ਟੀ.ਆਈ ਕੈਂਪਸ, ਗਿੱਲ ਰੋਡ, ਲੁਧਿਆਣਾ ਵੱਲੋਂ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ ਦੀ ਪਹਿਲੀ ਵਰ੍ਹੇਗੰਢ ਮਨਾਈ ਗਈ। ਪ੍ਰੋਗਰਾਮ ਦੀ ਸ਼ੁਰੂਆਤ ਲੁਧਿਆਣਾ ਦੇ ਏਡੀਸੀ ਮੇਜਰ ਅਮਿਤ ਸਰੀਨ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਪੰਜਾਬ ਦੇ ਵੱਖ-ਵੱਖ ਖੇਤਰਾਂ ਤੋਂ 500 ਤੋਂ ਵੱਧ ਰਵਾਇਤੀ ਕਾਰੀਗਰਾਂ ਅਤੇ ਦਸਤਕਾਰਾਂ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ MSME ਵਿਕਾਸ ਅਤੇ ਸੁਵਿਧਾ ਦਫ਼ਤਰ, ਲੁਧਿਆਣਾ ਵੱਲੋਂ ਉਨ੍ਹਾਂ ਦੇ ਉਤਪਾਦਾਂ ਦੀ ਇੱਕ ਨੁਮਾਇਸ਼ ਲਾਈ ਗਈ। ਸਮਾਗਮ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਭਾਸ਼ਣ ਦਾ ਮਹਾਰਸ਼ਟਰ ਦੇ ਵਰਧਾ ਤੋਂ ਲਾਈਵ ਟੈਲੀਕਾਸਟ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਖੇਤਰੀ ਹੁਨਰ ਵਿਕਾਸ ਅਤੇ ਉੱਦਮਤਾ ਵਿਭਾਗ ਦੇ ਡਾਇਰੈਕਟਰ, ਲੈਫਟੀਨੈਂਟ ਕਰਨਲ ਵਿਸ਼ਾਲ ਅਰੋੜਾ, ਸੰਬੋਧਨ ਕੀਤਾ. ਓਹਨਾ ਦੱਸਿਆ ਕਿ ਇਸ ਸਕੀਮ ਤਹਿਤ ਪੰਜਾਬ ਰਾਜ ਵਿੱਚ ਟੇਲਰ, ਰਾਜ ਮਿਸਤਰੀ, ਤਰਖਾਣ, ਨਾਈ ਅਤੇ ਮੋਚੀ ਦੇ ਕੰਮ ਦੀ 5 ਦਿਨਾਂ ਸਿਖਲਾਈ ਦਿੱਤੀ ਜਾ ਰਹੀ ਏ ਤਾਂ ਜੋ

ਰਵਾਇਤੀ ਕਾਰੀਗਰਾਂ ਦੇ ਹੁਨਰ ਨੂੰ ਬਿਹਤਰ ਬਣਾਇਆ ਜਾ ਸਕੇ . ਇਹ ਸਕੀਮ 5 ਫੀਸਦੀ ਦੀ ਰਿਆਇਤੀ ਦਰ 'ਤੇ 3 ਲੱਖ ਰੁਪਏ ਤੱਕ ਦਾ ਬਿਨਾਂ ਕਿਸੇ ਜ਼ਮਾਨਤ ਦੇ ਉੱਦਮ ਵਿਕਾਸ ਕਰਜ਼ਾ, 15,000/- ਰੁਪਏ ਦੀ ਟੂਲਕਿੱਟ ਪ੍ਰੋਤਸਾਹਨ ਅਤੇ ਗੁਣਵੱਤਾ ਪ੍ਰਮਾਣੀਕਰਣ, ਬ੍ਰਾਂਡਿੰਗ, ਵਿਗਿਆਪਨ, ਪ੍ਰਚਾਰ ਅਤੇ ਹੋਰ ਮਾਰਕੀਟਿੰਗ ਗਤੀਵਿਧੀਆਂ ਲਈ ਮਾਰਕੀਟਿੰਗ ਸਹਾਇਤਾ ਪ੍ਰਦਾਨ ਕਰਦੀ ਏ । ਇਸ ਮੌਕੇ ਮੇਜਰ ਅਮਿਤ ਸਰੀਨ ਏਡੀਸੀ ਲੁਧਿਆਣਾ ਨੇ ਰਾਸ਼ਟਰੀ ਹੁਨਰ ਸਿਖਲਾਈ ਸੰਸਥਾ ਵਿਖੇ ਸਿਖਲਾਈ ਪ੍ਰਾਪਤ ਕਾਰੀਗਰਾਂ ਨੂੰ ਸਰਟੀਫਿਕੇਟ ਵੰਡੇ। ਸਕੀਮ ਦੇ ਲਾਭਪਾਤਰੀਆਂ ਨੂੰ ਮਨਜ਼ੂਰ ਕਰਜ਼ੇ ਦੇ ਚੈਕ ਵੀ ਵੰਡੇ ਗਏ।

---------------------------------------------------------------------

ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ, ਖੁਰਾਕ ਸੁਰੱਖਿਆ ਪ੍ਰਣਾਲੀਆਂ ਨੂੰ ਬਿਹਤਰ ਬਣਾਉਣ ਲਈ ਨਿਰੰਤਰ ਸਹਿਯੋਗ, ਨਵੀਨਤਾ ਅਤੇ ਵਚਨਬੱਧਤਾ ਦਾ ਸੱਦਾ ਦਿੱਤਾ ਏ । ਅੱਜ ਨਵੀਂ ਦਿੱਲੀ ਵਿੱਚ ਆਲਮੀ ਖੁਰਾਕ ਨਿਆਮਕ ਕਾਨਫਰੰਸ ਦਾ ਉਦਘਾਟਨ ਕਰਦੇ ਹੋਏ, ਸ੍ਰੀ ਨੱਡਾ ਨੇ ਕਿਹਾ ਕਿ ਤੇਜ਼ੀ ਨਾਲ ਵਿਸ਼ਵੀਕਰਨ, ਤਕਨੀਕੀ ਤਰੱਕੀ ਅਤੇ

ਵਧਦੀ ਖਪਤਕਾਰਾਂ ਦੀਆਂ ਤਰਜੀਹਾਂ ਭੋਜਨ ਪ੍ਰਣਾਲੀਆਂ ਨੂੰ ਨਵਾਂ ਰੂਪ ਦੇ ਰਹੀਆਂ ਨੇ। ਇਸ ਮੌਕੇ 'ਤੇ ਖੁਰਾਕ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਖੁਰਾਕ ਨਿਆਮਕਾਂ , ਖੋਜ ਸੰਸਥਾਵਾਂ ਅਤੇ ਖਪਤਕਾਰ ਮਾਮਲਿਆਂ ਦੇ ਵਿਭਾਗਾਂ ਵਿਚਕਾਰ ਸਹਿਯੋਗ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਲੁਧਿਆਣਾ ਵਿੱਚ ਬੁੱਢਾ ਨਾਲੇ ਦੀ ਸਫ਼ਾਈ ਤਿੰਨ ਪੜਾਵੀ ਰਣਨੀਤੀ ਬਣਾ ਕੇ ਸ਼ੁਰੂ ਕੀਤੀ ਜਾਵੇਗੀ। ਚੰਡੀਗੜ੍ਹ ਵਿਸ਼ਵ ਪ੍ਰਸਿੱਧ ਨੇਬੁਲਾ ਗਰੁੱਪ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਪਾਣੀ ਦੇ ਪ੍ਰਦੂਸ਼ਣ ਦੀ ਸਮੱਸਿਆ ਨਾਲ ਨਜਿੱਠਣ ਲਈ ਇਸ ਗਰੁੱਪ ਦੀ ਮੁਹਾਰਤ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੌਜੂਦਾ ਮੁਹਿੰਮ ਨੇਬੁਲਾ ਗਰੁੱਪ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਜਾਵੇਗੀ ਅਤੇ ਨੇਬੁਲਾ ਓਜ਼ੋਨੇਸ਼ਨ ਤਕਨਾਲੋਜੀ ਨਾਲ ਮਿਲ ਕੇ ਕੈਂਸਰ ਦਾ ਕਾਰਨ ਬਣਨ ਵਾਲੀਆਂ ਅਸ਼ੁੱਧੀਆਂ ਨੂੰ ਨੈਨੋ ਪੱਧਰ ਉਤੇ ਜਾ ਕੇ ਸਾਫ਼ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦਾ ਉਦੇਸ਼ ਪਾਣੀ ਦਾ ਟੀ.ਡੀ.ਐਸ. ਪੱਧਰ 100 ਤੋਂ ਥੱਲੇ ਲਿਆ ਕੇ

ਇਸ ਨੂੰ ਪੀਣ ਦੇ ਯੋਗ ਬਣਾਉਣਾ ਏ। ਮੁੱਖ ਮੰਤਰੀ ਨੇ ਕਿਹਾ ਕਿ ਇਹ ਮਾਣ ਵਾਲੀ ਗੱਲ ਏ ਕਿ ਨੇਬੁਲਾ ਓਜ਼ੋਨੇਸ਼ਨ ਕੋਲ ਅਜਿਹੀ ਨੈਨੋ ਲੈਵਲ ਤਕਨਾਲੋਜੀ ਏ, ਜਿਸ ਨੇ ਪਾਣੀ ਦੀਆਂ ਅਸ਼ੁੱਧੀਆਂ ਅਤੇ ਕੈਂਸਰ ਦਾ ਕਾਰਨ ਬਣਨ ਵਾਲੇ ਤੱਤਾਂ ਦੀ ਸਫ਼ਾਈ ਦੇ ਮਾਮਲੇ ਵਿੱਚ ਆਪਣੀ ਅਹਿਮੀਅਤ ਸਾਬਤ ਕੀਤੀ ਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੇ ਜਾਣ ਵਾਲੇ ਤਿੰਨ ਪੜਾਵੀ ਪ੍ਰੋਗਰਾਮ ਦਾ ਉਦੇਸ਼ ਬੁੱਢਾ ਨਾਲੇ ਦੇ ਪਾਣੀ ਦੀ ਗੁਣਵੱਤਾ ਨੂੰ ਸੁਧਾਰਨਾ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਗਰੁੱਪ ਦੀ ਟੀਮ ਨੇ ਪੰਜਾਬ ਜਲ ਸਪਲਾਈ ਤੇ ਸੀਵਰੇਜ਼ ਬੋਰਡ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਤੇ ਹੋਰ ਸਬੰਧਤ ਧਿਰਾਂ ਨਾਲ ਮਿਲ ਕੇ ਬੁੱਢਾ ਨਾਲਾ ਦਾ ਦੌਰਾ ਵੀ ਕਰ ਲਿਆ ਏ।

ਇਸ ਪ੍ਰਾਜੈਕਟ ਦੇ ਪਹਿਲੇ ਪੜਾਅ ਵਿੱਚ ਅਲਟਰਾਸੋਨਿਕ ਵਾਟਰ ਮੀਟਰਿੰਗ ਸਿਸਟਮ ਸਥਾਪਤ ਕਰਨ ਅਤੇ ਸੀਵਰੇਜ ਨੈੱਟਵਰਕ ਦੇ ਅਧਿਐਨ ਲਈ ਸਾਫਟਵੇਅਰ ਦੀ ਮਾਡਲਿੰਗ ਕਰਨਾ ਸ਼ਾਮਲ ਏ ਤਾਂ ਕਿ ਪੂਰੇ ਲਧਿਆਣਾ ਦੇ ਸੈਂਪਲਿੰਗ ਪੁਆਇੰਟ ਦੀ ਸ਼ਨਾਖ਼ਤ ਕੀਤੀ ਜਾ ਸਕੇ। ਇਸੇ ਤਰ੍ਹਾਂ ਇਸ ਪੜਾਅ ਵਿੱਚ ਲੁਧਿਆਣਾ ਦੀਆਂ ਰੰਗਾਈ ਇਕਾਈਆਂ

ਲਈ ਵੱਖ-ਵੱਖ ਪ੍ਰੀ-ਟਰੀਟਮੈਂਟ ਪਲਾਟਾਂ ਦੀ ਸ਼ਨਾਖ਼ਤ ਅਤੇ ਸਥਾਪਨਾ ਉਤੇ ਧਿਆਨ ਦਿੱਤਾ ਜਾਵੇਗਾ। ਇਹ 200 ਯੂਨਿਟਾਂ ਪ੍ਰਤੀ ਦਿਨ 95 ਮਿਲੀਅਨ ਲਿਟਰ ਪਾਣੀ ਦੀ ਨਿਕਾਸੀ ਕਰਦੇ ਹਨ। ਇਸ ਕਦਮ ਨਾਲ ਪ੍ਰਦੂਸ਼ਣ ਦੀ ਰੋਕਥਾਮ ਵਿੱਚ ਸਹਾਇਤਾ ਮਿਲੇਗੀ।

---------------------------------------------------------------------------

ਜਲੰਧਰ ਸਥਿਤ ਬਟਾਲੀਅਨ ਹੈੱਡਕੁਆਰਟਰ ਵਿਖੇ, 2 ਪੰਜਾਬ ਐਨ.ਸੀ.ਸੀ ਬਟਾਲੀਅਨ ਦੇ ਦੋ ਕੈਡਿਟਾਂ ਨੂੰ ਸਨਮਾਨਿਤ ਕੀਤਾ ਗਿਆ ।

ਲਾਇਲਪੁਰ ਖਾਲਸਾ ਕਾਲਜ ਦੇ ਕੈਡਿਟ ਜਗਦੀਪ ਸਿੰਘ, ਅਤੇ ਡੀ.ਏ.ਵੀ. ਯੂਨੀਵਰਸਿਟੀ ਦੇ ਕੈਡਿਟ ਮਨਸੂਰ, ਨੇ ਨਵੀਂ ਦਿੱਲੀ ਵਿਖੇ ਰਾਸ਼ਟਰੀ ਥਲ ਸੈਨਾ ਕੈਂਪ ਵਿੱਚ ਆਪਸੀਟਕਲ ਸਿਖਲਾਈ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਏ । ਕਮਾਂਡਿੰਗ ਅਫਸਰ ਕਰਨਲ ਵਿਨੋਦ ਜੋਸ਼ੀ, ਲੈਫਟੀਨੈਂਟ (ਡਾ.) ਅਹਿਮਦ ਹੁਸੈਨ, ਸੂਬੇਦਾਰ ਸੁਖਦੇਵ ਸਿੰਘ ਨੇ, ਹੈੱਡਕੁਆਰਟਰ ਵਿਖੇ ਦੋਵਾਂ ਕੈਡਿਟਾਂ ਨੂੰ ਐਨ.ਸੀ.ਸੀ ਟਰੈਕ ਸੂਟ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ। ਕਮਾਂਡਿੰਗ ਅਫਸਰ ਨੇ ਦੱਸਿਆ ਕਿ ਦੋਵੇਂ ਕੈਡਿਟਾਂ ਨੇ ਰਾਸ਼ਟਰੀ ਮੁਕਾਬਲੇ ਵਿੱਚ ਪਹੁੰਚਣ

ਲਈ ਸੱਤ ਕੈਂਪਾਂ ਵਿੱਚ ਹਿੱਸਾ ਲਿਆ ਅਤੇ ਹਰੇਕ ਕੈਂਪ 10 ਦਿਨਾਂ ਤੱਕ ਚੱਲਿਆ। ਕਰਨਲ ਜੋਸ਼ੀ ਨੇ ਕਿਹਾ ਕਿ ਇਹ ਬੜੇ ਮਾਣ ਵਾਲੀ ਗੱਲ ਏ ਕਿ ਜਲੰਧਰ ਗਰੁੱਪ ਦੇ 6 ਕੈਡਿਟਾਂ ਦੀ ਰਾਸ਼ਟਰੀ ਕੈਂਪ ਲਈ ਚੋਣ ਹੋਈ ਏ। ਕਮਾਂਡਿੰਗ ਅਫਸਰ ਨੇ ਅੱਗੇ ਦੱਸਿਆ ਕਿ 17 ਰਾਜਾਂ ਦੇ ਪ੍ਰਦੇਸ਼ਿਕ ਹੈੱਡਕੁਆਰਟਰਾਂ ਵਿੱਚੋਂ ਪੰਜਾਬ, ਹਰਿਆਣਾ, ਹਿਮਾਚਲ ਅਤੇ ਚੰਡੀਗੜ੍ਹ ਹੈੱਡ-ਕੁਆਰਟਰ ਰਾਸ਼ਟਰੀ ਪੱਧਰ 'ਤੇ ਸੀਨੀਅਰ ਡਵੀਜ਼ਨ ਵਿੱਚ ਪਹਿਲੇ ਸਥਾਨ 'ਤੇ ਰਿਹਾ ਏ। ਬ੍ਰਿਗੇਡੀਅਰ ਅਜੇ ਤਿਵਾੜੀ, ਸੈਨਾ ਮੈਡਲ, ਗਰੁੱਪ ਕਮਾਂਡਰ, ਜਲੰਧਰ ਗਰੁੱਪ ਨੇ ਦੋਵਾਂ ਕੈਡਿਟਾਂ ਨੂੰ ਰਾਸ਼ਟਰੀ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਨ ਲਈ ਵਧਾਈ ਦਿੱਤੀ। ਏਸ ਮੌਕੇ ਦੋਵਾਂ ਕੈਡਿਟਾਂ ਨੇ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। BYTE

-------------------------------------------------------------------

ਫਰੀਦਕੋਟ ਵਿਖੇ ਮਹਾਨ ਸੂਫੀ ਸੰਤ ਬਾਬਾ ਸ਼ੇਖ ਫਰੀਦ ਜੀ ਦੀ ਯਾਦ ਵਿੱਚ ਮਨਾਏ ਜਾ ਰਹੇ, ਆਗਮਨ ਪੁਰਬ ਦੇ ਸਬੰਧ ਵਿੱਚ ਅੱਜ ਵੱਖ ਵੱਖ ਸੂਬਿਆਂ ਦੇ ਪਹਿਰਾਵਿਆਂ ਅਤੇ ਵਿਰਾਸਤ ਦੇ ਰੰਗ ਵਿੱਚ ਰੰਗਿਆ ਵਿਰਾਸਤੀ ਕਾਫਲਾ ਕਿਲ੍ਹਾ ਮੁਬਾਰਕ ਤੋਂ ਸ਼ੁਰੂ ਹੋ ਕੇ, ਦਰਬਾਰ ਗੰਜ

ਪੁਜਿਆ। ਇਸ ਵਿਰਾਸਤੀ ਕਾਫਲੇ ਨੂੰ ਹਲਕਾ ਵਿਧਾਇਕ ਗੁਰਦਿੱਤ ਸਿੰਘ ਅਤੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ, ਐਸ.ਐਸ.ਪੀ. ਡਾ. ਪ੍ਰਗਿੱਆ ਜੈਨ ਨੇ ਕਿਲ੍ਹਾ ਮੁਬਾਰਕ ਤੋਂ ਸਾਂਝੇ ਤੌਰ ਤੇ ਝੰਡੀ ਵਿਖਾ ਕੇ ਰਵਾਨਾ ਕੀਤਾ। ਕਾਫਿਲੇ ਵਿੱਚ ਜਿਲੇ ਦੀਆਂ ਵੱਖ ਵੱਖ ਸਿੱਖਿਆ ਸੰਸਥਾਵਾਂ ਤੋਂ ਇਲਾਵਾ ਉਤਰੀ ਜ਼ੋਨ ਸਭਿਆਚਾਰਕ ਕੇਂਦਰ ਦੇ ਕਲਾਕਾਰਾਂ ਨੇ ਵੀ ਵੱਖ ਵੱਖ ਸੂਬਿਆਂ ਦੇ ਸੱਭਿਆਚਾਰ ਨੂੰ ਪੇਸ਼ ਕਰਦੀਆਂ ਵੰਨਗੀਆਂ ਪੇਸ਼ ਕੀਤੀਆਂ। ਸ਼ਹਿਰ ਵਾਸੀਆਂ ਨੇ ਕਾਫਲੇ ਦਾ ਸਵਾਗਤ ਕੀਤਾ । ਵਿਧਾਇਕ ਨੇ ਕਿਹਾ ਕਿ ਅੱਜ ਦੀ ਪੀੜ੍ਹੀ ਨੂੰ ਪੁਰਾਤਨ ਵਿਰਸੇ ਨਾਲ ਜੋੜ੍ਹਨ ਲਈ ਵਿਰਾਸਤੀ ਮੇਲੇ ਦਾ ਆਯੋਜਨ ਕੀਤਾ ਜਾਂਦਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਕਾਫਲੇ ਵਿੱਚ ਵੱਖ ਵੱਖ ਸਕੂਲਾਂ ਦੇ ਬੱਚੇ ਰਿਵਾਇਤੀ ਪਹਿਰਾਵਿਆਂ ਵਿੱਚ ਸੱਜ ਕੇ, ਘੋੜੇ , ਊਠਾਂ ਨੂੰ ਸਿੰਗਾਰ ਕੇ ਕਿਲ੍ਹਾ ਮੁਬਾਰਕ ਤੋਂ ਲੋਕਾਂ ਨੂੰ ਵਿਰਾਸਤ ਨਾਲ ਜੋੜਦੇ ਹੋਏ ਦਰਬਾਰ ਗੰਜ ਤੱਕ ਜਾਂਦੇ ਨੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਸ ਮੇਲੇ ਦਾ ਆਨੰਦ ਮਾਣਨ।

-------------------------------------------------------------------

ਉਧਰ ਬਾਬਾ ਫ਼ਰੀਦ ਆਗਮਨ ਪੁਰਬ ਨੂੰ ਸਮਰਪਿਤ, ਬਾਬਾ ਫ਼ਰੀਦ ਬਲੱਡ ਸੇਵਾ ਸੁਸਾਇਟੀ ਵਲੋਂ ਕਿਲ੍ਹਾ ਮੁਬਾਰਕ ਚੌਂਕ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਗਿਆ। ਖ਼ੂਨਦਾਨ ਕੈਂਪ ਵਿੱਚ ਖ਼ੂਨ ਦੇ ਰਹੇ ਲੋਕਾਂ ਦੇ ਨਾਲ ਗੱਲਬਾਤ ਕਰਦਿਆਂ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਇਸ ਕਾਰਜ ਦੇ ਨਾਲ ਜੁੜੇ ਹੋਏ ਸਾਰੇ ਹੀ ਇਲਾਕਾ ਨਿਵਾਸੀਆਂ ਅਤੇ ਸਿਹਤ ਵਿਭਾਗ ਦੇ ਅਮਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਖ਼ੂਨਦਾਨ ਕਰਕੇ ਕਈ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕਦਾ ਏ ਅਤੇ ਸਾਨੂੰ ਸਾਰਿਆਂ ਨੂੰ ਖ਼ੂਨਦਾਨ ਕਰਨਾ ਚਾਹੀਦਾ ਏ ।

-------------------------------------------------------------------

ਮੁਹਾਲੀ ਜ਼ਿਲਾ ਪ੍ਰਸ਼ਾਸ਼ਨ ਨੇ ਪਿੰਡ ਲੇਹਲੀ ਸਥਿਤ ਨਾਹਰ ਫੈਬਰਿਕ ਯੂਨਿਟ ਵਿਖੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ ਖੇਤੀਬਾੜੀ ਮਹਿਕਮੇ ਦੇ ਸਾਂਝੇ ਉਪਰਾਲੇ ਸਦਕਾ, ਪਰਾਲੀ ਨੂੰ ਨਾ ਸਾੜਨ ਵਾਲੇ ਕਰੀਬ 50 ਕਿਸਾਨਾਂ ਨੂੰ ਸਨਮਾਨਿਤ ਕੀਤਾ । ਇਸ ਮੌਕੇ ਹਲਕਾ ਡੇਰਾਬੱਸੀ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਅਤੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਨੇ ਕਿਸਾਨਾਂ ਨੂੰ ਸਰਟੀਫਿਕੇਟ ,ਮੋਮੈਟੋ ਦੇ ਕੇ ਸਨਮਾਨਿਤ

ਕੀਤਾ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਸਾਨਾਂ ਨੂੰ ਵਧਾਈ ਦਿੰਦੇ ਹੋਏ , ਵਾਤਾਵਰਣ ਵਿੱਚ ਸੁਧਾਰ ਅਤੇ ਨਾਹਰ ਫੈਬਰਿਕ ਯੂਨਿਟ ਵਲੋਂ ਪਰਾਲੀ ਦੀ ਖਰੀਦ ਕਰਕੇ ਇਸ ਨੂੰ ਇੰਧਨ ਵਜੋਂ ਇਸਤੇਮਾਲ ਕਰਕੇ ਕਿਸਾਨੀ ਨੂੰ ਹੋਰ ਉਤਸ਼ਾਹਿਤ ਕਰਨ ਦੀ ਸ਼ਲਾਘਾ ਵੀ ਕੀਤੀ। ਯੂਨਿਟ ਦੇ ਕਾਰਜਕਾਰੀ ਡਾਇਰੈਕਟਰ ਅਭਿਨਵ ਓਸਵਾਲ ਨੇ ਪਰਾਲੀ ਪ੍ਰਬੰਧਨ 'ਚ ਆਪਣੇ ਯੋਗਦਾਨ 'ਤੇ ਮਾਣ ਵਾਲੀ ਗਲ ਕਿਹਾ। ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਵਾਤਾਵਰਣ ਇੰਜੀਨੀਅਰ ਰਣਤੇਜ ਸ਼ਰਮਾ ਨੇ ਵੀ ਸਮਾਗਮ ਬਾਰੇ ਜਾਣਕਾਰੀ ਦਿਤੀ। ਓਧਰ ਸਨਮਾਨਿਤ ਕਿਸਾਨਾਂ ਨੇ, ਪਰਾਲੀ ਨਾ ਸਾੜਨ ਤੇ ਵਾਤਾਵਰਣ ਨੂੰ ਗੰਦਲਾਂ ਹੋਣ ਤੋਂ ਬਚਾਉਣ ਲਈ ਆਪਣੇ ਯੋਗਦਾਨ ਤੇ ਖੁਸ਼ੀ ਪ੍ਰਗਟਾਈ ਤੇ ਹੋਰਨਾਂ ਲੋਕਾਂ ਨੂੰ ਵੀ ਪਰਾਲੀ ਦੀ ਸਾਂਭ ਸੰਭਾਲ ਦੀ ਅਪੀਲ ਕੀਤੀ। **BYTE**

---------------------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਜ਼ਿਲ੍ਹਾ ਪੱਧਰੀ ਪਸਾਰ ਸੰਸਥਾਨ, ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਨੇ, ਬਾਇਰ ਕੰਪਨੀ ਦੇ ਸਹਿਯੋਗ ਨਾਲ ਬੀਤੇ ਦਿਨ ਪਿੰਡ ਟੋਡਰਪੁਰ ਵਿਚ ਝੋਨੇ ਦੀ ਸਿੱਧੀ ਬਿਜਾਈ ‘ਤੇ ਖੇਤ ਦਿਵਸ ਦਾ ਆਯੋਜਨ ਕੀਤਾ।

ਇਸ ਮੌਕੇ ‘ਤੇ ਵੱਡੀ ਗਿਣਤੀ  ਵਿਚ ਅਗਾਂਹਵਧੂ ਕਿਸਾਨ ਮੌਜੂਦ ਰਹੇ । ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ ਡਾ. ਮਨਿੰਦਰ ਸਿੰਘ ਬੌਂਸ ਨੇ ਪਾਣੀ ਦੇ ਡਿਗਦੇ ਪੱਧਰ ਨੂੰ ਬਚਾਉਣ ਲਈ ਝੋਨੇ ਦੀ ਸਿੱਧੀ ਬਿਜਾਈ ਤਕਨੀਕ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਇਸ ਵਿੱਧੀ ਦੇ ਬਾਰੇ ਵਿਚ ਜਾਗਰੂਕ ਕਰਨਾ ਅਤੇ ਉਨ੍ਹਾਂ ਸਿੱਧੇ ਤੌਰ ‘ਤੇ ਸਿੱਧੀ ਬਿਜਾਈ ਲਈ ਗਏ ਗਏ ਖੇਤਾਂ ਦੇ ਕੰਮ-ਕਾਜ ਤੋਂ ਜਾਣੂ ਕਰਵਾਉਣ ਏ । ਇਸ ਸਾਲ 150 ਏਕੜ  ਜ਼ਮੀਨ ‘ਤੇ ਇਸ ਵਿੱਧੀ ਨੂੰ ਅਪਨਾਉਣ ਵਾਲੇ ਟੋਡਰਪੁਰ ਅਤੇ ਇਸ ਦੇ ਆਸ ਪਾਸ ਦੇ ਪਿੰਡਾਂ, ਪੰਜੌੜ ਅਤੇ ਪੰਡੋਰੀ ਗੰਗਾ ਸਿੰਘ ਦੇ ਕਿਸਾਨਾਂ ਦੀ ਸ਼ਲਾਘਾ ਕੀਤੀ ਗਈ  । ਸਹਾਇਕ ਪ੍ਰੋਫੈਸਰ  ਡਾ. ਅਜਾਇਬ ਸਿੰਘ, ਨੇ ਕਿਸਾਨਾਂ ਨੂੰ ਸਿੱਧੀ ਬਿਜਾਈ ਤਕਨੀਕ ਦੇ ਲਾਭ, ਖਾਦਾਂ ਦੀ ਉਪਯੋਗਤਾ ਅਤੇ ਜਲ ਪ੍ਰਬੰਧਨ ‘ਤੇ ਵਿਸਥਾਰ ਨਾਲ ਜਾਣਕਾਰੀ ਦਿੱਤੀ । ਉਨ੍ਹਾਂ ਕਿਹਾ ਕਿ ਇਹ ਵਿੱਧੀ ਨਾ ਕੇਵਲ ਪਾਣੀ ਦੀ ਬਚਤ ਕਰਦੀ ਏ , ਬਲਕਿ ਉਤਪਾਦਨ ਵਿਚ ਵੀ ਵਾਧਾ ਕਰਦੀ ਏ । ਨਾਲ ਹੀ ਡਾ. ਅਜੈਬ ਨੇ ਕੁਦਰੀ ਸਰੋਤਾਂ ਦੀ ਸਾਂਭ-ਸੰਭਾਲ ਅਤੇ ਪਾਣੀ

ਦੀ ਸੁਚੱਜੀ ਵਰਤੋਂ ਬਾਰੇ ਵੀ ਜੋਰ ਦਿੱਤਾ। ਉਨ੍ਹਾਂ ਪਰਾਲੀ ਪ੍ਰਬੰਧਨ ਦੇ ਬਾਰੇ ਵਿਚ ਤਕਨੀਕੀ ਜਾਣਕਾਰੀ ਸਾਂਝਾ ਕੀਤੀ।

------------------------------------------------------------------------

ਕੌਮੀ ਜਾਂਚ ਏਜੇਂਸੀ ਦੀ ਟੀਮ ਨੇ ਮੋਗਾ ਜ਼ਿਲੇ ਦੇ ਪਿੰਡ ਬਿਲਾਸਪੁਰ ਦੇ ਵਸਨੀਕ, ਕੁਲਵੰਤ ਸਿੰਘ ਦੇ ਘਰ, ਅੱਜ ਸਵੇਰੇ ਛਾਪੇਮਾਰੀ ਕੀਤੀ।

ਜਾਣਕਾਰੀ ਮੁਤਾਬਕ 42 ਸਾਲਾ ਕੁਲਵੰਤ ਸਿੰਘ ਰਾਮਪੁਰਾ ਸਥਿਤ ਇੱਕ ਸੀਮੈਂਟ ਫੈਕਟਰੀ ਵਿੱਚ ਟਰੱਕ ਡਰਾਈਵਰ ਏ ਅਤੇ ਉਹ ਅਕਸਰ ਸੋਸ਼ਲ ਮੀਡੀਆ ‘ਤੇ ਗਰਮ ਖਿਆਲੀ ਪੋਸਟਾਂ ਸ਼ੇਅਰ ਕਰਦਾ ਰਹਿੰਦਾ ਏ। ਕੁਲਵੰਤ ਸਿੰਘ ਨੇ ਦੱਸਿਆ ਕਿ NIA ਦੀ ਟੀਮ ਨੇ ਉਹਨਾਂ ਤੋਂ ਸਿਰਫ਼ ਪੁੱਛ ਗਿੱਛ ਕੀਤੀ ਅਤੇ ਉਸਨੂੰ ਗਰਮ ਖਿਆਲੀ ਪੋਸਟਾਂ ਸ਼ੋਸ਼ਲ ਮੀਡੀਆ ’ਤੇ ਸਾਝਾਂ ਨਾ ਕਰਨ ਦੀ ਤਾਕੀਦ ਕੀਤੀ, ਟੀਮ ਨੇ ਉਸਨੂੰ ਨੂੰ ਕਿਤੇ ਵੀ ਪੇਸ਼ ਹੋਣ ਲਈ ਨਹੀਂ ਕਿਹਾ।

------------------------------------------------------------------------

ਗੁਰਦਾਸਪੁਰ ਦੇ ਥਾਣਾ ਬਹਿਰਾਮਪੁਰ ਪੁਲਿਸ ਨੇ ਇੱਕ ਨੌਜਵਾਨ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫਤਾਰ ਕਰ ਕੀਤਾ ਏ। ਡੀ.ਐਸ.ਪੀ ਸੁਰਿੰਦਰ

ਸਿੰਘ ਨੇ ਦੱਸਿਆ ਕਿ, ਕਾਊਂਟਰ ਇੰਟੈਲੀਜੈਂਸ ਵਿਭਾਗ ਗੁਰਦਾਸਪੁਰ ਤੇ ਵਿਸ਼ੇਸ਼ ਸੈਲ ਵੱਲੋਂ ਕੀਤੇ ਗਏ ਸਾਂਝੇ ਆਪਰੇਸ਼ਨ ਦੇ ਦੌਰਾਨ ਪਿੰਡ ਸੁਲਤਾਨੀ ਦੇ ਦੋਸ਼ੀ ਗੁਰਜਿੰਦਰ ਸਿੰਘ ਨੂੰ 30 ਤੇ 32 ਬੋਰ ਦੇ ਪਿਸਤੌਲਾਂ, ਮੈਗਜ਼ੀਨ ਅਤੇ ਦੋ ਰੌਂਦ ਸਮੇਤ ਗਿਰਫਤਾਰ ਕੀਤਾ ਏ । ਦੋਸ਼ੀ ਖਿਲਾਫ ਮੁਕਦਮਾ ਦਰਜ ਕਰਕੇ ਹੋਰ ਪੁਛਗਿਛ ਕੀਤੀ ਜਾ ਰਹੀ ਏ

--------------------------------------------------------

ਡਾਇਰੈਕਟਰ ਰਾਜ ਵਿੱਦਿਅਕ ਖੋਜ ਦੇ ਦਫਤਰ ਅਤੇ ਸਿਖਲਾਈ ਪ੍ਰੀਸ਼ਦ ਦੇ ਦਿਸ਼ਾ ਨਿਰਦੇਸ਼ ਅਨੁਸਾਰ, ਰਾਸ਼ਟ੍ਰੀਯ ਅਵਿਸ਼ਕਾਰ ਅਭਿਆਨ ਅਧੀਨ ਆਰਟੀਫਿਸ਼ਲ ਇੰਟੈਲੀਜੈਂਸ ਦੇ ਫਾਇਦੇ ਅਤੇ ਨੁਕਸਾਨ ਬਾਰੇ ਭਾਸ਼ਣ ਮੁਕਾਬਲੇ ਕਰਵਾਏ ਗਏ । ਜ਼ਿਲ੍ਹਾ ਸਿੱਖਿਆ ਅਫ਼ਸਰ ਸੰਜੀਵ ਕੁਮਾਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ: ਰਵਿੰਦਰਪਾਲ ਸਿੰਘ ਦੀ ਅਗਵਾਈ ਤਹਿਤ ਜਿਲ੍ਹਾ ਪਟਿਆਲਾ ਦੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਡਲ ਟਾਊਨ ਵਿਖੇ ਕਰਵਾਏ ਗਏ । ਇਹਨਾਂ ਮੁਕਾਬਲਿਆਂ ਚ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਅਤੇ ਉਹਨਾਂ ਦੇ ਗਾਇਡ ਅਧਿਆਪਕਾਂ ਨੇ ਹਿੱਸਾ ਲਿਆ ਅਤੇ ਇਸ ਜ਼ਿਲ੍ਹਾ ਪੱਧਰੀ ਮੁਕਾਬਲੇ 'ਚ

ਜੇਤੂ ਵਿਦਿਆਰਥੀਆਂ ਅਤੇ ਗਾਇਡ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ।